# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 20-03-2025**

ਪੰਜਾਬ ਵਿੱਚ, ਉਦਯੋਗਪਤੀਆਂ ਅਤੇ ਆਮ ਲੋਕਾਂ ਨੇ ਬੀਤੀ ਸ਼ਾਮ ਹਰਿਆਣਾ ਨਾਲ ਲੱਗਦੇ ਸ਼ੰਭੂ ਅਤੇ ਖਨੌਰੀ ਚੈੱਕ ਪੁਆਇੰਟਾਂ ਤੋਂ ਰਾਜ ਸਰਕਾਰ ਵੱਲੋਂ ਕਿਸਾਨਾਂ ਨੂੰ ਹਟਾਉਣ ਦਾ ਸਵਾਗਤ ਕੀਤਾ ਏ। ਕਿਸਾਨਾਂ ਵੱਲੋਂ ਬਣਾਏ ਗਏ ਅਸਥਾਈ ਢਾਂਚਿਆਂ ਅਤੇ ਚੈੱਕ ਪੁਆਇੰਟਾਂ 'ਤੇ ਉਨ੍ਹਾਂ ਦੇ ਖੜ੍ਹੇ ਵਾਹਨਾਂ ਨੂੰ ਹਟਾ ਦਿੱਤਾ ਗਿਆ ਏ। ਹਾਲਾਂਕਿ, ਹਾਈਵੇਅ ਨੂੰ ਅਜੇ ਤੱਕ ਵਾਹਨਾਂ ਦੀ ਆਵਾਜਾਈ ਲਈ ਖੋਲ੍ਹਿਆ ਨਹੀਂ ਗਿਆ ਕਿਉਂਕਿ ਅਧਿਕਾਰੀ ਅਜੇ ਵੀ ਕੰਕਰੀਟ ਬੈਰੀਕੇਡ ਹਟਾਉਣ ਵਿਚ ਲੱਗੇ ਹੋਏ ਨੇ । ਫਸਲਾਂ 'ਤੇ ਕਾਨੂੰਨੀ ਘੱਟੋ-ਘੱਟ ਸਮਰਥਨ ਮੁੱਲ ਦੀ ਮੰਗ ਅਤੇ ਕੁਝ ਹੋਰ ਮੰਗਾਂ ਪੂਰੀਆਂ ਕਰਵਾਉਣ ਲਈ ਕਿਸਾਨਾਂ ਵੱਲੋਂ ਕੀਤੇ ਜਾ ਰਹੇ ਵਿਰੋਧ ਪ੍ਰਦਰਸ਼ਨਾਂ ਕਾਰਨ ਦੋਵੇਂ ਸਰਹੱਦੀ ਪੁਆਇੰਟ ਲਗਭਗ ਇੱਕ ਸਾਲ ਤੋਂ ਵੱਧ ਸਮੇਂ ਤੋਂ ਬੰਦ ਸਨ। ਚੈਕ ਪੁਆਇੰਟ ਬੰਦ ਹੋਣ ਨਾਲ ਦਿੱਲੀ-ਅੰਮ੍ਰਿਤਸਰ ਹਾਈਵੇਅ 'ਤੇ ਆਵਾਜਾਈ ਵਿੱਚ ਰੁਕਾਵਟਾਂ ਪੈਦਾ ਹੋ ਰਹੀਆਂ ਸਨ, ਜਿਸ ਦੇ ਨਤੀਜੇ ਵਜੋਂ ਪੰਜਾਬ ਦੇ ਉਦਯੋਗ ਨੂੰ ਨੁਕਸਾਨ ਹੋ ਰਿਹਾ

ਸੀ ਅਤੇ ਆਮ ਲੋਕਾਂ ਨੂੰ ਪਰੇਸ਼ਾਨੀ ਹੋ ਰਹੀ ਸੀ। ਇਸ ਸਬੰਧੀ ਲੁਧਿਆਣਾ ਤੋਂ ਵਰਲਡ ਐਮ.ਐਸ.ਐਮ.ਈ. ਫੋਰਮ ਦੇ ਪ੍ਰਧਾਨ ਬਦੀਸ਼ ਜਿੰਦਲ ਨੇ ਕਿਹਾ...***Byte---*** ਇਸ ਦੌਰਾਨ, ਸਾਡੇ ਜਲੰਧਰ ਪੱਤਰਕਾਰ ਨੇ ਜਾਣਕਾਰੀ ਦਿੱਤੀ ਏ ਕਿ ਜ਼ਿਲ੍ਹਾ ਪੱਧਰ 'ਤੇ ਕਿਸੇ ਵੀ ਕਿਸੇ ਵੀ ਸਥਿਤੀ ਨਾਲ ਸਿੱਝਣ ਲਈ ਸੂਬੇ ਭਰ ਵਿੱਚ ਵੱਡੀ ਗਿਣਤੀ ਵਿੱਚ ਪੁਲਿਸ ਕਰਮਚਾਰੀ ਤਾਇਨਾਤ ਕੀਤੇ ਗਏ ਨੇ ਕਿਉਂਕਿ ਕਿਸਾਨ ਯੂਨੀਅਨਾਂ ਨੇ ਕਿਸਾਨ ਆਗੂਆਂ ਜਗਜੀਤ ਸਿੰਘ ਡੱਲੇਵਾਲ, ਸਰਵਣ ਸਿੰਘ ਪੰਧੇਰ ਅਤੇ ਹੋਰਾਂ ਦੀ ਗ੍ਰਿਫ਼ਤਾਰੀ ਵਿਰੁੱਧ ਆਪਣਾ ਵਿਰੋਧ ਦਰਜ ਕਰਵਾਉਣ ਲਈ ਡਿਪਟੀ ਕਮਿਸ਼ਨਰਾਂ ਦੇ ਦਫ਼ਤਰਾਂ ਦੇ ਬਾਹਰ ਵਿਰੋਧ ਪ੍ਰਦਰਸ਼ਨ ਕਰਨ ਅਤੇ ਸੜਕਾਂ ਜਾਮ ਕਰਨ ਦਾ ਫੈਸਲਾ ਕੀਤਾ ਏ। ਭਾਵੇਂ ਕਈ ਵਿਰੋਧੀ ਆਗੂਆਂ ਨੇ ਕਿਸਾਨਾਂ ਵਿਰੁੱਧ ਪੁਲਿਸ ਕਾਰਵਾਈ ਲਈ ਸੂਬਾ ਸਰਕਾਰ ਦੀ ਨਿਖੇਧੀ ਕੀਤੀ , ਪਰ ਪੰਜਾਬ ਦੇ ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਕਦਮ ਸੂਬੇ ਦੇ ਆਰਥਿਕ ਵਿਕਾਸ ਲਈ ਜ਼ਰੂਰੀ ਸੀ।

---------------------------------------------------------------------------

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਅੱਜ ਨਵੀਂ ਦਿੱਲੀ ਵਿੱਚ 10ਵੇਂ ਸੀ.ਆਈ.ਆਈ. ਇੰਡੀਆ-ਐਲ.ਏ.ਸੀ. ਸੰਮੇਲਨ ਨੂੰ ਸੰਬੋਧਨ

ਕੀਤਾ। ਆਲਮੀ ਆਰਥਿਕ ਵਿਸ਼ੇ 'ਤੇ ਚਾਨਣਾ ਪਾਉਂਦੇ ਹੋਏ, ਡਾ. ਜੈਸ਼ੰਕਰ ਨੇ ਕਿਹਾ ਕਿ ਦੁਨੀਆ ਇੱਕ ਅਨਿਸ਼ਚਿਤ ਅਤੇ ਉਥਲ-ਪੁਥਲ ਦੇ ਦੌਰ ਵਿੱਚੋਂ ਲੰਘ ਰਹੀ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕੋਵਿਡ-19 ਮਹਾਂਮਾਰੀ ਅਤੇ ਇਸ ਦੇ ਲੰਬੇ ਸਮੇਂ ਦੇ ਨਤੀਜਿਆਂ ਨੇ ਵਿਕਾਸਸ਼ੀਲ ਦੇਸ਼ਾਂ ਨੂੰ ਪ੍ਰਭਾਵਿਤ ਕੀਤਾ ਏ ਜਿਸ ਨੇ ਨਿਰੰਤਰ ਵਿਕਾਸ ਟੀਚਿਆਂ ਤੇ ਵੀ ਅਸਰ ਪਾਇਆ ਏ। ਡਾ. ਜੈਸ਼ੰਕਰ ਨੇ ਇਹ ਵੀ ਕਿਹਾ ਕਿ ਯੂਕਰੇਨ ਜੰਗ ਭੋਜਨ, ਇੰਧਨ ਅਤੇ ਖਾਦ ਸੁਰੱਖਿਆ ਲਈ ਇੱਕ ਵਾਧੂ ਤਣਾਅ ਬਿੰਦੂ ਰਿਹਾ ਏ ।

--------------------------------------------------------------------------------

ਪੰਜਾਬ ਆਪਣੀ ਰਾਜ ਵਿਧਾਨ ਸਭਾ ਵਿੱਚ ਬੋਲਣ ਜਾਂ ਸੁਣਨ ਤੋਂ ਅਸਮਰੱਥ ਵਿਅਕਤੀਆਂ ਲਈ ਸੰਕੇਤਕ ਭਾਸ਼ਾ ਸ਼ੁਰੂ ਕਰੇਗਾ। ਰਾਜ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ, ਜਿਨ੍ਹਾਂ ਨੇ ਇਸ ਸਹੂਲਤ ਨੂੰ ਵਿਧਾਨ ਸਭਾ ਸੈਸ਼ਨਾਂ ਦੀ ਕਾਰਵਾਈ ਵਿੱਚ ਸ਼ਾਮਲ ਕਰਨ ਦੀ ਸ਼ੁਰੂਆਤ ਕੀਤੀ ਸੀ, ਨੇ ਵਿਧਾਨ ਸਭਾ ਪ੍ਰਸ਼ਾਸਨ ਨੂੰ ਇਸ ਪਹਿਲਕਦਮੀ ਨੂੰ ਜਲਦੀ ਤੋਂ ਜਲਦੀ ਲਾਗੂ ਕਰਨ ਦੀ ਅਪੀਲ ਕੀਤੀ ਏ। ਉਨ੍ਹਾਂ ਕਿਹਾ ਕਿ ਇਹ ਕਦਮ ਵਿਧਾਨ ਸਭਾ ਦੀ ਕਾਰਵਾਈ ਨੂੰ

ਬੋਲਣ ਅਤੇ ਸੁਣਨ ਵਿਚ ਅਸਮਰੱਥ ਵਿਅਕਤੀਆਂ ਲਈ ਪੂਰੀ ਤਰ੍ਹਾਂ ਪਹੁੰਚਯੋਗ ਬਣਾਉਣ ਵਿਚ ਸਹਾਈ ਹੋਵੇਗਾ।

------------------------------------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਵਿੱਚ ਨਸ਼ਾ ਪ੍ਰਭਾਵਿਤ ਵਿਅਕਤੀਆਂ ਦੇ ਮੁੜ ਵਸੇਬੇ ਸਬੰਧੀ ਪ੍ਰਕਿਰਿਆ ਨੂੰ ਹੋਰ ਬਿਹਤਰ ਅਤੇ ਮਜ਼ਬੂਤ ਬਣਾਉਣ ’ਤੇ ਜ਼ੋਰ ਦਿੱਤਾ ਏ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ **(ਜਨਰਲ)** ਅਪਰਨਾ ਐਮ.ਬੀ., ਸਿਵਲ ਸਰਜਨ ਡਾ. ਗੁਰਮੀਤ ਲਾਲ ਸਮੇਤ ਸਿਹਤ ਅਤੇ ਰੋਜ਼ਗਾਰ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਨਸ਼ਾ ਛੱਡ ਚੁੱਕੇ ਵਿਅਕਤੀਆਂ ਦੇ ਮੁੜ ਵਸੇਬੇ ਅਤੇ ਉਨ੍ਹਾਂ ਦੇ ਭਵਿੱਖ ਨੂੰ ਬਿਹਤਰ ਬਣਾਉਣ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੀ ਸਮੀਖਿਆ ਕੀਤੀ। ਡਾ. ਅਗਰਵਾਲ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਨਸ਼ਾ ਛੱਡ ਚੁੱਕੇ ਵਿਅਕਤੀਆਂ ਨੂੰ ਸਮਾਜ ਵਿੱਚ ਮੁੜ ਜੋੜਨ ਲਈ ਉਨ੍ਹਾਂ ਦੇ ਰੁਝਾਨਾਂ ਅਨੁਸਾਰ ਹੁਨਰ ਵਿਕਾਸ ਕੋਰਸ ਸ਼ੁਰੂ ਕੀਤੇ ਜਾਣ ਤਾਂ ਜੋ ਅਜਿਹੇ ਵਿਅਕਤੀਆਂ ਨੂੰ ਸਕਿੱਲ ਟ੍ਰੇਨਿੰਗ ਦੇ ਕੇ ਆਤਮ ਨਿਰਭਰ ਬਣਾਇਆ ਜਾ ਸਕੇ। ਉਨ੍ਹਾਂ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਅਧਿਕਾਰੀਆਂ

ਇਸ ਸਬੰਧੀ ਲੋੜੀਂਦੀ ਪ੍ਰਕਿਰਿਆ ਤੁਰੰਤ ਆਰੰਭ ਕਰਨ ਦੇ ਨਿਰਦੇਸ਼ ਵੀ ਦਿੱਤੇ।

----------------------------------------------------------------------------

ਪੰਜਾਬ ਵਿੱਚ ਗਰਮੀ ਦੀ ਆਮਦ ਹੋ ਚੁੱਕੀ ਏ। ਰਾਜ ਵਿੱਚ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ 1.1 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਏ, ਜੋ ਕਿ ਆਮ ਨਾਲੋਂ 2 ਡਿਗਰੀ ਸੈਲਸੀਅਸ ਵੱਧ । ਮੌਸਮ ਵਿਭਾਗ ਅਨੁਸਾਰ ਬਠਿੰਡਾ ਵਿੱਚ ਸਭ ਤੋਂ ਵੱਧ ਤਾਪਮਾਨ 32.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਐ, ਜੋ ਇਸ ਸੀਜ਼ਨ ਵਿੱਚ ਹੁਣ ਤੱਕ ਦਾ ਸਭ ਤੋਂ ਵੱਧ ਤਾਪਮਾਨ ਏ। ਹਾਲਾਂਕਿ ਪੱਛਮੀ ਗੜਬੜੀ ਦੇ ਸਰਗਰਮ ਹੋਣ ਤੋਂ ਬਾਅਦ ਅੱਜ ਪੰਜਾਬ ਦੇ ਸੱਤ ਜ਼ਿਲ੍ਹਿਆਂ ਪਠਾਨਕੋਟ, ਫ਼ਿਰੋਜ਼ਪੁਰ, ਮੋਗਾ, ਬਠਿੰਡਾ, ਫ਼ਾਜ਼ਿਲਕਾ, ਫ਼ਰੀਦਕੋਟ ਅਤੇ ਮੁਕਤਸਰ ਸਾਹਿਬ ਵਿੱਚ ਮੀਂਹ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ।